ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਸਿਵਲ ਹਸਪਤਾਲ ਦੇ ਆਈਸੋਲੇਸ਼ਨ ਵਾਰਡ ਵਿਚ ਦਾਖਲ 39 ਕੋਰੋਨਾ ਮਰੀਜ਼ਾ ਨੂੰ ਭੇਜਿਆ ਘਰ, ਕਿਸੇ ਵਿਚ ਵੀ ਕੋਈ ਲੱਛਣ ਨਹੀਂ, ਤਬੀਅਤ ਬਿਲਕੁਲ ਠੀਕ

ਡਿਪਟੀ ਕਮਿਸ਼ਨਰ ਨੇ ਮਿਠਾਈ ਖੁਆ ਕੇ ਅਤੇ ਫੁੱਲਾਂ ਦੀ ਵਰਖਾ ਕਰ ਕੇ ਤੰਦਰੁਸਤ ਹੋਣ ਦੀ ਦਿੱਤੀ ਵਧਾਈ

ਸਿਹਤ ਵਿਭਾਗ ਦੀ ਨਵੀਂ ਪਾਲਿਸੀ ਅਨੁਸਾਰ ਘਰ ਭੇਜੇ ਗਏ ਵਿਅਕਤੀ ਇੱਕ ਹਫ਼ਤੇ ਲਈ ਘਰ ਵਿਚ ਆਪਣੇ ਆਪ ਨੂੰ ਆਈਸੋਲੇਸ਼ਨ ਵਿਚ ਰੱਖਣਗੇ, ਕਿਸੇ ਨਾਲ ਵੀ ਨਹੀਂ ਕਰਨਗੇ ਸੰਪਰਕ

ਘਰ ਭੇਜੇ ਹਰ ਵਿਅਕਤੀ ਦੇ ਮੋਬਾਇਲ ਵਿਚ ਹੈਲਥ ਅੱਪਡੇਟ ਅਤੇ ਟਰੈਕਿੰਗ ਦੇ ਮਕਸਦ ਨਾਲ ਕੋਵਾ ਐਪ ਕਰਵਾਈ ਗਈ ਡਾਊਨਲੋਡ

ਫਿਰੋਜ਼ਪੁਰ 15 ਮਈ 2020 ( ) ਸਿਵਲ ਹਸਪਤਾਲ ਫਿਰੋਜ਼ਪੁਰ ਦੇ ਆਈਸੋਲੇਸ਼ਨ ਵਾਰਡ ਵਿਚ ਦਾਖਲ ਕੁੱਲ 42 ਕੋਰੋਨਾ ਮਰੀਜ਼ਾਂ ਵਿਚੋਂ 39 ਵਿਅਕਤੀਆਂ ਨੂੰ ਸਿਹਤ ਵਿਭਾਗ ਦੀ ਨਵੀਂ ਪਾਲਿਸੀ ਅਨੁਸਾਰ ਡਿਸਚਾਰਜ ਕਰ ਕੇ ਉਨ੍ਹਾਂ ਦੇ ਘਰ ਭੇਜ ਦਿੱਤਾ ਗਿਆ ਹੈ ਅਤੇ ਘਰ ਭੇਜੇ ਗਏ ਵਿਅਕਤੀਆਂ ਵਿਚ ਕੋਰੋਨਾ ਵਾਇਰਸ ਦਾ ਕੋਈ ਵੀ ਲੱਛਣ ਨਹੀਂ ਸੀ ਅਤੇ ਉਨ੍ਹਾਂ ਦੀ ਤਬੀਅਤ ਬਿਲਕੁਲ ਠੀਕ ਹੈ। ਇਸ ਦੌਰਾਨ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਇਨ੍ਹਾਂ ਵਿਅਕਤੀਆਂ ਨੂੰ ਮਿਠਾਈ ਖੁਆ ਕੇ ਅਤੇ ਫੁੱਲਾਂ ਦੀ ਵਰਖਾ ਕਰ ਕੇ ਤੰਦਰੁਸਤ ਹੋਣ ਤੇ ਵਧਾਈ ਦਿੱਤੀ ਅਤੇ ਸਿਵਲ ਹਸਪਤਾਲ ਦੀ ਐਂਬੋਲੰਸ ਰਾਹੀ ਇਨ੍ਹਾਂ ਨੂੰ ਘਰ ਭੇਜਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ੍ਰ: ਕੁਲਵੰਤ ਸਿੰਘ ਨੇ ਦੱਸਿਆ ਕਿ ਫਿਰੋਜ਼ਪੁਰ ਵਿਚ ਜ਼ਿਲ੍ਹੇ ਵਿਚ ਕੁੱਲ 44 ਵਿਅਕਤੀ ਕੋਰੋਨਾ ਪੋਜ਼ਿਟਿਵ ਰਿਪੋਰਟ ਹੋਏ ਸਨ, ਜਿਨ੍ਹਾਂ ਵਿਚੋਂ ਇੱਕ ਵਿਅਕਤੀ ਜੋ ਪੰਜਾਬ ਪੁਲਿਸ ਵਿਚ ਕਾਂਸਟੇਬਲ ਸੀ ਪਹਿਲਾਂ ਹੀ ਠੀਕ ਹੋ ਕੇ ਘਰ ਜਾ ਚੁੱਕਿਆ ਹੈ ਅਤੇ ਇੱਕ ਵਿਅਕਤੀ ਜੋ ਕਿ ਅਲੀ ਕੇ ਪਿੰਡ ਦਾ ਰਹਿਣ ਵਾਲਾ ਸੀ ਦੀ ਮੌਤ ਹੋ ਚੁੱਕੀ ਹੈ। ਉਸ ਤੋਂ ਬਾਅਦ ਕੁੱਲ 42 ਕੋਰੋਨਾ ਪੋਜ਼ਿਟਿਵ ਵਿਅਕਤੀ ਜੋ ਕਿ ਸਿਵਲ ਹਸਪਤਾਲ ਵਿਚ ਆਈਸਲੇਸ਼ਨ ਵਿਚ ਰਹਿ ਰਹੇ ਸੀ ਅਤੇ ਪ੍ਰੋਟੋਕਾਲ ਅਨੁਸਾਰ ਇਨ੍ਹਾਂ ਵਿਚੋਂ 39 ਵਿਅਕਤੀਆਂ ਨੂੰ ਘਰ ਭੇਜਿਆ ਗਿਆ ਹੈ, ਜਿਨ੍ਹਾਂ ਵਿਚ 22 ਮਰਦ, 10 ਔਰਤਾਂ ਅਤੇ 7 ਬੱਚੇ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ 39 ਵਿਅਕਤੀਆਂ ਵਿਚੋਂ 33 ਵਿਅਕਤੀ ਸ਼੍ਰੀ ਹਜ਼ੂਰ ਸਾਹਿਬ ਤੋਂ ਆਏ ਸਨ ਅਤੇ 6 ਵਿਅਕਤੀ ਰਾਜਸਥਾਨ ਜਾਂ ਕਿਸੇ ਹੋਰ ਸੂਬਿਆਂ ਤੋਂ ਆਏ ਸਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਿਹਤ ਵਿਭਾਗ ਦੀ ਨਵੀਂ ਪਾਲਿਸੀ ਅਨੁਸਾਰ ਹੀ ਇਨ੍ਹਾਂ ਨੂੰ ਘਰ ਭੇਜਿਆ ਗਿਆ ਹੈ ਅਤੇ ਇਹ ਵਿਅਕਤੀ ਘਰ ਜਾਣ ਤੇ ਆਪਣੇ-ਆਪ ਨੂੰ ਆਈਸੋਲੇਸ਼ਨ ਵਿਚ ਰੱਖਣਗੇ ਅਤੇ ਕਿਸੇ ਵੀ ਦੂਸਰੇ ਵਿਅਕਤੀ ਦੇ ਸੰਪਰਕ ਵਿਚ ਨਹੀਂ ਆਉਣਗੇ।

ਇਸ ਮੌਕੇ ਐਸਐਮਓ ਡਾ. ਅਵਿਨਾਸ਼ ਜਿੰਦਲ ਨੇ ਦੱਸਿਆ ਕਿ ਘਰ ਭੇਜੇ ਗਏ ਹਰ ਵਿਅਕਤੀ ਦੇ ਮੋਬਾਇਲ ਵਿਚ ਕੋਵਾ ਐਪ ਵੀ ਡਾਊਨਲੋਡ ਕਰਵਾਈ ਗਈ ਹੈ, ਜਿਸ ਅਨੁਸਾਰ ਇੱਕ ਤਾਂ ਇਸ ਐਪ ਵਿਚ ਜੀਪੀਐਸ ਟਰੈਕਰ ਰਾਹੀਂ ਇੱਕ ਤਾਂ ਇਨ੍ਹਾਂ ਵਿਅਕਤੀਆਂ ਨੂੰ ਟਰੈਕ ਵੀ ਕੀਤਾ ਜਾਵੇਗਾ ਕਿ ਇਨ੍ਹਾਂ ਵਿਚੋਂ ਕੋਈ ਸਰਕਾਰ ਦੇ ਨਿਯਮਾਂ ਦੀ ਉਲੰਘਣਾ ਤਾਂ ਨਹੀਂ ਕਰਦਾ ਅਤੇ ਦੂਜਾ ਰੋਜ਼ਾਨਾ ਇਸ ਐਪ ਵਿਚ ਇਨ੍ਹਾਂ ਵਿਅਕਤੀਆਂ ਵੱਲੋਂ ਆਪਣੀ ਹੈਲਥ ਸਬੰਧੀ ਅੱਪਡੇਟ ਵੀ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਹੁਣ ਸਿਵਲ ਹਸਪਤਾਲ ਵਿਚ ਸਿਰਫ਼ 3 ਵਿਅਕਤੀ ਹੀ ਆਇਸੋਲੇਸ਼ਨ ਵਾਰਡ ਵਿਚ ਹਨ ਅਤੇ ਇਨ੍ਹਾਂ ਦੀਆਂ ਰਿਪੋਰਟਾਂ ਅਤੇ ਸਰਕਾਰ ਦੀ ਪਾਲਿਸੀ ਮੁਤਾਬਿਕ ਇਨ੍ਹਾਂ ਨੂੰ ਵੀ ਘਰ ਭੇਜ ਦਿੱਤਾ ਜਾਵੇਗਾ। ਇਸ ਦੌਰਾਨ ਘਰ ਭੇਜੇ ਜਾਣ ਵਾਲੇ ਵਿਅਕਤੀਆਂ ਨੇ ਸਿਵਲ ਹਸਪਤਾਲ ਵਿਚ ਉਨ੍ਹਾਂ ਦੀ ਚੰਗੀ ਦੇਖਭਾਲ, ਚੰਗੇ ਖਾਣੇ ਅਤੇ ਸਮੇਂ ਸਿਰ ਹਰ ਚੀਜ਼ ਮੁਹੱਈਆ ਕਰਵਾਉਣ ਤੇ ਜ਼ਿਲ੍ਹਾ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਦੀ ਟੀਮ ਦਾ ਧੰਨਵਾਦ ਵੀ ਕੀਤਾ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

1188 ਪਰਵਾਸੀ ਮਜ਼ਦੂਰਾਂ ਨੂੰ ਲੈ ਕੇ ਫਿਰੋਜਪੁਰ ਕੈਂਟ ਰੇਲਵੇ ਸਟੇਸ਼ਨ ਤੋਂ ਅਮੇਠੀ ਲਈ ਦੂਸਰੀ ਸ਼ਰਮਿਕ ਐਕਸਪ੍ਰੈਸ ਟ੍ਰੇਨ ਨੂੰ ਡਿਪਟੀ ਕਮਿਸ਼ਨਰ ਨੇ ਹਰੀ ਝੰਡੀ ਦੇ ਕੇ ਕੀਤੀ ਰਵਾਨਾ

ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ ਸਪੈਸ਼ਲ ਟ੍ਰੇਨ ਦੇ ਸੰਚਾਲਕ ਦਾ ਸਾਰਾ 6.12 ਲੱਖ ਰੁਪਏ ਦਾ ਖਰਚਾ: ਡਿਪਟੀ ਕਮਿਸ਼ਨਰ

ਰੇਲਵੇ ਸਟੇਸ਼ਨ ਪੁੱਜਣ  ਤੇ ਪਰਵਾਸੀ ਮਜ਼ਦੂਰਾਂ ਨੂੰ ਫੂਡ ਪੈਕੇਟ,  ਪਾਣੀ ਦੀਆਂ ਬੋਤਲਾਂ ਅਤੇ ਫੇਸ ਮਾਸਕ ਵੀ ਕਰਵਾਏ ਗਏ ਉਪਲੱਬਧ

ਟ੍ਰੇਨ ਦੀ ਰਵਾਨਗੀ ਸਮੇਂ ਅੰਦਰ ਬੈਠੇ ਪਰਵਾਸੀ ਮਜ਼ਦੂਰਾਂ ਨੇ ਤਾੜੀਆਂ ਵਜਾ ਕੇ ਪੰਜਾਬ ਸਰਕਾਰ ਦਾ ਕੀਤਾ ਧੰਨਵਾਦ

ਫਿਰੋਜਪੁਰ 15 ਮਈ (           ) - ਮਾਲਵਾ ਖੇਤਰ  ਦੇ ਜ਼ਿਲ੍ਹਿਆਂ ਬਠਿੰਡਾ, ਬਰਨਾਲਾ, ਮਾਨਸਾ, ਮੋਗਾ, ਫ਼ਰੀਦਕੋਟ, ਮੁਕਤਸਰ, ਫ਼ਾਜ਼ਿਲਕਾ, ਫਿਰੋਜਪੁਰ ਅਤੇ ਤਰਨਤਾਰਨ ਦੇ 1188 ਪਰਵਾਸੀ ਮਜ਼ਦੂਰਾਂ ਨੂੰ ਲੈ ਕੇ ਫਿਰੋਜਪੁਰ ਕੈਂਟ ਰੇਲਵੇ ਸਟੇਸ਼ਨ ਤੋਂ ਦੂਜੀ ਸ਼ਰਮਿਕ ਐਕਸਪ੍ਰੈਸ ਸ਼ੁੱਕਰਵਾਰ ਦੁਪਹਿਰ 2 ਵਜੇ ਯੂ.ਪੀ. ਦੇ ਜ਼ਿਲ੍ਹੇ ਅਮੇਠੀ ਲਈ ਰਵਾਨਾ ਹੋਈ। ਇਸ ਟ੍ਰੇਨ ਵਿਚ ਅਯੋਧਿਆ ਡਿਵੀਜ਼ਨ ਦੇ ਜ਼ਿਲ੍ਹੇ ਅਯੁੱਧਿਆ, ਬਾਰਾਬਾਂਕੀ, ਸੁਲਤਾਨਪੁਰ, ਅੰਬੇਡਕਰ ਨਗਰ ਅਤੇ ਅਮੇਠੀ ਨਾਲ ਸੰਬੰਧਿਤ ਪਰਵਾਸੀ ਮਜ਼ਦੂਰਾਂ ਨੂੰ ਯੂ.ਪੀ. ਵਾਪਸ ਭੇਜਿਆ ਗਿਆ ਹੈ। ਇਸ ਟ੍ਰੇਨ ਨੂੰ ਫਿਰੋਜਪੁਰ ਦੇ ਡਿਪਟੀ ਕਮਿਸ਼ਨਰ ਸ਼੍ਰੀ ਕੁਲਵੰਤ ਸਿੰਘ ਨੇ ਹਰੀ ਝੰਡੀ ਦੇ ਕੇ ਰਵਾਨਾ ਕੀਤੀ। ਉਨ੍ਹਾਂ ਦੱਸਿਆ ਕਿ ਟ੍ਰੇਨ ਦਾ ਸਾਰਾ ਖ਼ਰਚ 6.12 ਲੱਖ ਰੁਪਏ ਪੰਜਾਬ ਸਰਕਾਰ ਵੱਲੋਂ ਚੁੱਕਿਆ ਗਿਆ ਹੈ ਅਤੇ ਫਿਰੋਜਪੁਰ ਕੈਟ ਰੇਲਵੇ ਸਟੇਸ਼ਨ ਤੋਂ ਚਲਨ ਵਾਲੀ ਇਹ ਦੂਜੀ ਟ੍ਰੇਨ ਹੈ। ਇਸ ਤੋਂ ਪਹਿਲਾਂ ਵੀਰਵਾਰ ਸ਼ਾਮ ਨੂੰ ਵੀ ਇੱਕ ਟ੍ਰੇਨ ਯੂ.ਪੀ. ਦੇ ਜ਼ਿਲ੍ਹੇ ਕਾਨਪੁਰ ਲਈ ਰਵਾਨਾ ਕੀਤੀ ਗਈ ਸੀ, ਜਿਸ ਉੱਤੇ ਵੀ ਕੁਲ ਕਰੀਬ 6 ਲੱਖ ਰੁਪਏ ਦਾ ਖ਼ਰਚ ਆਇਆ ਸੀ। ਇਸ ਤਰ੍ਹਾਂ ਹੁਣ ਤਕ ਦੋ ਟ੍ਰੇਨਾਂ 2400 ਕੇ ਕਰੀਬ ਪਰਵਾਸੀ ਮਜ਼ਦੂਰਾਂ ਨੂੰ ਲੈ ਜਾ ਚੁੱਕੀਆਂ ਹਨ, ਜਿਨ੍ਹਾਂ ਦੇ ਸੰਚਾਲਨ ਤੇ ਕੁੱਲ 12 ਲੱਖ ਰੁਪਏ ਦੀ ਰਾਸ਼ੀ ਮੁੱਖਮੰਤਰੀ ਕੈਪਟਨ ਅਮਰਿੰਦਰ ਸਿੰਘ ਦੀ ਅਗਵਾਈ ਵਿਚ ਪੰਜਾਬ ਸਰਕਾਰ ਵੱਲੋਂ ਖ਼ਰਚ ਕੀਤੀ ਜਾ ਚੁੱਕੀ ਹੈ। ਪੰਜਾਬ ਸਰਕਾਰ ਵੱਲੋਂ ਕੀਤੇ ਗਏ ਉਪਰਾਲਿਆਂ ਪ੍ਰਤਿ ਧੰਨਵਾਦ ਕਰਨ ਲਈ ਟ੍ਰੇਨ ਦੀ ਰਵਾਨਗੀ ਵੇਲੇ ਅੰਦਰ ਬੈਠੇ ਸਾਰੇ ਪਰਵਾਸੀ ਮਜ਼ਦੂਰਾਂ ਨੇ ਤਾੜੀਆਂ ਵਜਾ ਕੇ ਸਰਕਾਰ ਦਾ ਧੰਨਵਾਦ ਕੀਤਾ। ਮਜ਼ਦੂਰਾਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਉਪਰਾਲਿਆਂ ਸਦਕਾ ਹੀ ਉਹ ਇਸ ਔਖੀ ਘੜੀ ਵਿਚ ਆਪਣੇ ਘਰ ਪਰਤ ਰਹੇ ਹਨ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਤੀਸਰੀ ਟ੍ਰੇਨ ਸ਼ੁੱਕਰਵਾਰ ਰਾਤ ਨੂੰ 7 ਵਜੇ ਰਵਾਨਾ ਹੋਵੇਗੀ ਅਤੇ ਚੌਥੀ ਅਤੇ ਪੰਜਵੀਂ ਟ੍ਰੇਨ ਸ਼ਨੀਵਾਰ ਨੂੰ ਦੁਪਹਿਰ 2 ਵਜੇ ਤੇ 7 ਵਜੇ ਰਵਾਨਾ ਹੋਣਗੀਆਂ। ਇਸ ਤੋਂ ਇਲਾਵਾ ਹੋਰ ਟ੍ਰੇਨਾਂ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਡਿਪਟੀ ਕਮਿਸ਼ਨਰ ਸ਼੍ਰੀ ਕੁਲਵੰਤ ਸਿੰਘ  ਨੇ ਕਿਹਾ ਕਿ ਇਹ ਸਾਰੇ ਪਰਵਾਸੀ ਮਜ਼ਦੂਰਾਂ ਨੇ ਵਾਪਸ ਆਪਣੇ ਘਰ ਪਰਤਣ ਲਈ ਪੰਜਾਬ ਸਰਕਾਰ  ਦੇ ਪੋਰਟਲ ਉੱਤੇ ਰਜਿਸਟਰੇਸ਼ਨ ਕਰਵਾਇਆ ਸੀ ਅਤੇ ਇਨ੍ਹਾਂ ਨੂੰ ਯਾਤਰਾ ਲਈ ਐਸਐਮਐਸ ਦੇ ਜ਼ਰੀਏ ਯਾਤਰਾ ਬਾਰੇ ਸੂਚਨਾ ਭੇਜੀ ਗਈ ਸੀ।  ਸਾਰੇ ਮੁਸਾਫ਼ਰਾਂ ਨੂੰ ਪਹਿਲਾਂ ਬੱਸਾਂ  ਦੇ ਜਰੀਏ ਫਿਰੋਜਪੁਰ ਲਿਆਂਦਾ ਗਿਆ,  ਜਿੱਥੇ ਉਨ੍ਹਾਂ ਦੀ ਸਿਹਤ ਜਾਂਚ ਲਈ ਉਨ੍ਹਾਂ ਨੂੰ ਵੱਖ-ਵੱਖ ਥਾਵਾਂ ਉੱਤੇ ਲੈ ਜਾਇਆ ਗਿਆ ।  ਮੈਡੀਕਲ ਟੀਮਾਂ ਵੱਲੋਂ ਸਿਹਤ ਜਾਂਚ ਕਰਨ ਦੇ ਬਾਅਦ ਮਜ਼ਦੂਰਾਂ ਨੂੰ ਫਿਰੋਜਪੁਰ ਕੈਂਟ ਰੇਲਵੇ ਸਟੇਸ਼ਨ ਲੈ ਜਾਇਆ ਗਿਆ ।  ਡਿਪਟੀ ਕਮਿਸ਼ਨਰ ਨੇ ਕਿਹਾ ਕਿ ਮੈਡੀਕਲ ਸਕਰੀਨਿੰਗ ਤੋਂ ਲੈ ਕੇ ਮੁਸਾਫ਼ਰਾਂ ਨੂੰ ਟ੍ਰੇਨ ਤੱਕ ਪਹੁੰਚਾਉਣ ਲਈ ਖ਼ਾਸ ਇੰਤਜ਼ਾਮ ਕੀਤੇ ਗਏ ਸਨ,  ਖ਼ਾਸਕਰ ਸੋਸ਼ਲ ਡਿਸਟੈਂਸਿੰਗ ਨੂੰ ਲੈ ਕੇ ਪੁਖ਼ਤਾ ਪ੍ਰਬੰਧ ਕੀਤੇ ਗਏ ਸਨ ।  ਉਨ੍ਹਾਂ ਦੱਸਿਆ ਕਿ ਸਾਰੇ ਪ੍ਰਬੰਧਾਂ ਨੂੰ ਸਿਰੇ ਚੜ੍ਹਾਉਣ ਲਈ ਐਸਡੀਐਮ ਸ਼੍ਰੀ ਅਮਿਤ ਗੁਪਤਾ,  ਸਹਾਇਕ ਕਮਿਸ਼ਨਰ ਸ਼੍ਰੀ ਕੰਵਰਜੀਤ ਸਿੰਘ  ਸਮੇਤ ਕਈ ਅਧਿਕਾਰੀਆਂ ਦੀ ਇੱਕ ਹਾਈ ਲੈਵਲ ਕਮੇਟੀ ਬਣਾਈ ਗਈ ਸੀ,  ਜਿਨ੍ਹੇ ਇਸ ਟ੍ਰੇਨ ਨੂੰ ਲੈ ਕੇ ਪੁਖ਼ਤਾ ਇੰਤਜ਼ਾਮ  ਕੀਤੇ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੈਂਟ ਰੇਲਵੇ ਸਟੇਸ਼ਨ ਉੱਤੇ ਵੀ ਪਰਵਾਸੀ ਮਜ਼ਦੂਰਾਂ ਲਈ ਵਿਵਸਥਾ ਕੀਤੀ ਗਈ ਹੈ ਅਤੇ ਉਨ੍ਹਾਂ ਨੂੰ ਹਰ ਸੰਭਵ ਮਦਦ ਉਪਲਬਧ ਕਰਵਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾਵੇਗੀ ।  ਉਨ੍ਹਾਂ ਕਿਹਾ ਕਿ ਸਾਰੇ ਮਜ਼ਦੂਰਾਂ ਨੂੰ ਫੂਡ ਪੈਕੇਟ,  ਪਾਣੀ ਦੀਆਂ ਬੋਤਲਾਂ,  ਫੇਸ ਮਾਸਕ ਵੀ ਉਪਲੱਬਧ ਕਰਵਾਏ ਗਏ,  ਨਾਲ ਹੀ ਸੋਸ਼ਲ ਡਿਸਟੈਂਸਿੰਗ ਨੂੰ ਲੈ ਕੇ ਜਾਗਰੂਕ ਵੀ ਕੀਤਾ ਗਿਆ ।

ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜਪੁਰ

ਪ੍ਰੈਸ ਨੋਟ 3

ਨੈਸ਼ਨਲ ਡੇਂਗੂ ਦਿਵਸ ਮੌਕੇ ਸਿਵਲ ਸਰਜਨ ਨੇ ਡੇਂਗੂ ਦੀ ਰੋਕਥਾਮ, ਲੱਛਣਾਂ ਅਤੇ ਇਲਾਜ ਬਾਰੇ ਅਹਿਮ ਜਾਣਕਾਰੀ ਸਾਂਝੀ ਕੀਤੀ

ਡੇਂਗੂ ਤੋਂ ਬਚਾਅ ਲਈ ਆਪਣੇ ਆਲੇ-ਦੁਆਲੇ ਪਾਣੀ ਨਾ ਇਕੱਠਾ ਹੋਣ ਦਿਓ

ਫਿਰੋਜ਼ਪੁਰ15 ਮਈ 2020 ()- ਨੈਸ਼ਨਲ ਡੇਂਗੂ ਦਿਵਸ ਮੌਕੇ ਸਿਵਲ ਸਰਜਨ ਡਾ. ਨਵਦੀਪ ਸਿੰਘ ਨੇ ਡੇਂਗੂ ਦੀ ਰੋਕਥਾਮ, ਲੱਛਣਾਂ ਅਤੇ ਇਲਾਜ ਬਾਰੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਡੇਂਗੂ ਬੁਖ਼ਾਰ ਏਡੀਜ਼ ਅਜਿਪਟੀ ਮੱਛਰ ਦੇ ਕੱਟਣ ਨਾਲ ਹੁੰਦਾ ਹੈ ਅਤੇ ਅੱਜ ਦੇ ਦਿਨਾਂ ਵਿੱਚ ਵਾਤਾਵਰਨ ਅਤੇ ਤਾਪਮਾਨ ਡੇਂਗੂ ਦੇ ਵਾਇਰਸ ਅਤੇ ਇਸ ਨੂੰ ਫੈਲਾਉਣ ਵਾਲੇ ਮੱਛਰਾਂ ਲਈ ਬਹੁਤ ਢੁਕਵਾਂ ਹੈ, ਇਸ ਲਈ ਡੇਂਗੂ ਦੇ ਲੱਛਣਾਂ ਅਤੇ ਡੇਂਗੂ ਤੋਂ ਬਚਾਅ ਲਈ ਵਰਤੀਆਂ ਜਾਣ ਵਾਲੀਆਂ ਸਾਵਧਾਨੀਆਂ ਤੋਂ ਜਾਣੂ ਹੋਣਾ ਜ਼ਰੂਰੀ ਹੈ । ਉਨ੍ਹਾਂ ਦੱਸਿਆ ਕਿ ਇੱਕ ਦਮ ਤੇਜ਼ ਬੁਖ਼ਾਰ, ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ, ਪੱਠਿਆ ਵਿੱਚ ਦਰਦ, ਜੀ ਕੱਚਾ ਹੋਣਾ, ਉਲਟਿਆਂ ਆਉਣਾ, ਨੱਕ, ਮੂੰਹ, ਜਬਾੜ੍ਹਿਆਂ ਵਿਚੋਂ ਖ਼ੂਨ ਆਉਣਾ ਤੇ ਚਮੜੀ ਤੇ ਨੀਲ ਪੈਣਾ ਡੇਂਗੂ ਬੁਖ਼ਾਰ ਦੇ ਲੱਛਣ ਹਨ।

ਉਨ੍ਹਾਂ ਦੱਸਿਆ ਕਿ ਡੇਂਗੂ ਜਿਹੀ ਭਿਆਨਕ ਬਿਮਾਰੀ ਤੋ ਬਚਣ ਲਈ ਸਾਨੂੰ ਘਰਾਂ ਦੇ ਆਲ਼ੇ ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ, ਕੱਪੜੇ ਅਜਿਹੇ ਪਹਿਨੋ ਕਿ ਸਰੀਰ ਪੂਰੀ ਤਰਾਂ ਢਕਿਆ ਰਹੇ ਤਾਂ ਕਿ ਤੁਹਾਨੂੰ ਮੱਛਰ ਨਾ ਕੱਟ ਸਕੇ, ਸੌਣ ਵੇਲੇ ਮੱਛਰਦਾਨੀ, ਮੱਛਰ ਭਜਾਉਣ ਵਾਲੀਆਂ ਕਰੀਮਾਂ ਅਤੇ ਤੇਲ ਆਦਿ ਦਾ ਇਸਤੇਮਾਲ ਕਰਨਾ ਵੀ ਚਾਹੀਦਾ ਹੈ। ਉਨ੍ਹਾਂ ਕਿਹਾ ਹੈ ਕਿ ਸਿਹਤ ਵਿਭਾਗ ਵੱਲੋਂ ਡਰਾਈ-ਡੇ, ਡਰਾਈ-ਡੇ ਦਾ ਨਾਰਾ ਦਿੱਤਾ ਗਿਆ ਹੈ। ਜਿਸ ਤੋਂ ਭਾਵ ਹੈ ਕਿ ਸਮੂਹ ਘਰਾਂ ਅਤੇ ਸੰਸਥਾਵਾਂ ਵਿਖੇ ਲੱਗੇ ਕੂਲਰਾਂ ਦਾ ਪਾਣੀ ਹਫ਼ਤੇ ਵਿੱਚ ਇੱਕ ਵਾਰ ਜ਼ਰੂਰ ਸੁਕਾਇਆ ਜਾਵੇ ਕਿਉਂਕਿ ਕੂਲਰਾਂ ਵਿੱਚ ਖੜ੍ਹਾ ਪਾਣੀ ਡੇਂਗੂ ਦੇ ਲਾਰਵੇ ਦੇ ਪਨਪਣ ਦਾ ਵੱਡਾ ਸਬੱਬ ਬਣਦਾ ਹੈ। ਉਨ੍ਹਾਂ ਦੱਸਿਆ ਕਿ ਡੇਂਗੂ ਦੇ ਟੇਸਟ ਅਤੇ ਇਲਾਜ ਸਰਕਾਰੀ ਹਸਪਤਾਲਾਂ ਵਿਖੇ ਮੁਫ਼ਤ ਉਪਲਬਧ ਹਨ।